# ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.)

## ਮਿਡ-ਡੇ-ਮੀਲ ਸੋਸਾਇਟੀ ਪੰਜਾਬ

ਪੰਜਾਬ ਸਿੱਖਿਆ ਭਵਨ (ਪੀ.ਐਸ.ਈ.ਬੀ.) ਈ ਬਲਾਕ, ਪੰਜਵੀਂ ਮੰਜਿਲ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਪੰਜਾਬ
ਫੋਨ ਨੰ.0172-5212307, 2210019 ਫੈਕਸ ਨੰ. 0172-5212369

ਵੱਲ:-

ਸਮੂਹ ਜਿਲ੍ਹਾ ਸਿਖਿਆ ਅਫਸਰ (ਸੈ.ਸਿ.)
ਸਮੂਹ ਜਿਲ੍ਹਾ ਸਿਖਿਆ ਅਫਸਰ (ਐ.ਸਿ.)
ਸਮੂਹ ਸਕੂਲ ਮੁੱਖੀ (ਵੈਬ-ਸਾਈਟ ਰਾਹੀਂ)
ਪੰਜਾਬ।

ਮੀਮੋ ਨੰ.ਐਮ.ਡੀ.ਐਮ.ਐਸ./ਜੀ.ਐਮ./2018/32416
ਮਿਤੀ 30/07/2018

**ਵਿਸ਼ਾ- ਡੀ.ਵਾਰਮਿੰਗ ਦਿਵਸ, ਮਿਤੀ 10-08-2018 ਤੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ ਪਹਿਲੀ ਤੋਂ ਬਾਰਵੀਂ ਕਲਾਸ ਤੱਕ ਦੇ ਵਿੱਦਿਆਰਥੀਆਂ ਨੂੰ ਪੇਟ ਦੇ ਕੀੜਿਆਂ ਦੀ ਰੋਕਥਾਮ ਲਈ ਐਲਬੈਂਡਾਜ਼ੋਲ ਦੀ ਪਹਿਲੀ ਖੁਰਾਕ ਦੇਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ।

2.0 ਮਿਡ-ਡੇ-ਮੀਲ ਸਕੀਮ ਅਧੀਨ ਸਿਹਤ ਵਿਭਾਗ ਵਲੋਂ ਸਕੂਲੀ ਬੱਚਿਆਂ ਦਾ ਹੈਲਥ ਚੈਕ-ਅੱਪ ਕੀਤਾ ਜਾਂਦਾ ਹੈ ਅਤੇ ਸਮੇਂ-ਸਮੇਂ ਤੇ ਸਿਹਤ ਵਿਭਾਗ ਵਲੋਂ ਸਕੂਲੀ ਬੱਚਿਆਂ ਨੂੰ ਪੇਟ ਦੇ ਕੀੜੇ ਮਾਰਨ ਲਈ Albandazole ਦੀਆਂ ਗੋਲੀਆਂ ਅਤੇ IFA Tab. ਦਿੱਤੀਆਂ ਜਾਂਦੀਆਂ ਹਨ। Albandazole ਦੀਆਂ ਗੋਲੀਆਂ ਸਕੂਲੀ ਬੱਚਿਆਂ ਨੂੰ ਸਾਲ ਵਿੱਚ ਦੋ ਵਾਰ ਦਿੱਤੀਆਂ ਜਾਂਦੀਆਂ ਹਨ।

3.0 ਸਾਲ 2018-19 ਅਧੀਨ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ ਪਹਿਲੀ ਤੋਂ ਬਾਰਵੀਂ ਕਲਾਸ ਤੱਕ ਦੇ ਵਿੱਦਿਆਰਥੀਆਂ ਨੂੰ ਪੇਟ ਦੇ ਕੀੜਿਆਂ ਦੀ ਰੋਕਥਾਮ ਲਈ ਮਿਤੀ 10/08/2018 ਨੂੰ ਡੀ-ਵਾਰਮਿੰਗ ਦਿਵਸ ਤੇ ਐਲਬੈਂਡਾਜ਼ੋਲ ਗੋਲੀ ਦੀ ਪਹਿਲੀ ਖੁਰਾਕ ਦਿੱਤੀ ਜਾਣੀ ਹੈ।

4.0 ਇਸ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੇ ਜ਼ਿਲ੍ਹੇ ਵਿੱਚ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਬੰਧਤ ਮਿਤੀ ਨੂੰ ਸਾਰੇ ਸਕੂਲਾਂ ਵਿੱਚ ਲੋੜੀਦੇ ਇੰਤਜ਼ਾਮ ਕੀਤੇ ਜਾਣ ਤਾਂ ਜੋ ਕੋਈ ਵੀ ਬੱਚਾ ਗੋਲੀ ਖਾਣ ਤੋਂ ਵਾਂਝਾ ਨਾ ਰਹਿ ਜਾਵੇ ਅਤੇ ਅਗਰ ਕਿਸੇ ਵੀ ਬੱਚੇ ਨੂੰ ਕਿਸੇ ਕਾਰਣ ਕਰਕੇ ਉਸ ਦਿਨ ਗੋਲੀ ਨਹੀਂ ਦਿੱਤੀ ਜਾ ਸਕਦੀ ਹੈ ਤਾਂ ਸਬੰਧਤ ਗੋਲੀ ਮਿਤੀ 17/08/2018 ਨੂੰ ਦਿੱਤੀ ਜਾਵੇ ਅਤੇ ਇਸ ਗੱਲ ਦਾ ਖਾਸ ਧਿਆਨ ਰੱਖਿਆ ਜਾਵੇ ਕਿ **ਇਹ ਗੋਲੀ ਖਾਲੀ ਪੇਟ ਕਿਸੇ ਵੀ ਬੱਚੇ ਨੂੰ ਨਾ ਦਿੱਤੀ ਜਾਵੇ,** ਅੱਧੀ ਛੁੱਟੀ ਵਿੱਚ ਮਿਡ-ਡੇ-ਮੀਲ ਖਾਣ ਉਪਰੰਤ ਅੱਧੇ ਘੰਟੇ ਬਾਅਦ ਬੱਚਿਆਂ ਨੂੰ Albandazole ਦੀ ਗੋਲੀ ਦਿੱਤੀ ਜਾਵੇ।

ਡਾਇਰੈਕਟਰ ~~ਸਿੱਖਿਆ~~ ਵਿਭਾਗ (ਐ.ਸਿ.)